**MITTER SAIN GOYAL**
B.A. (Hons.) Gold Medalist LL.B., D.A. (Retd.)
Advocate
(Regd. No. P/96/1977)

Mobile : 098556-31777
E-mail : mittersianmeet@hotmail.com

Office : # 297, Street No. 5,
Upkar Nagar, Civil Lines,
Ludhiana (Punjab) Pin - 140001.

**Special Honours/Distinctions**

- Sahitya Academy Award 2008
  (Sahitya Academy, New Delhi)
- Pt. Gobind Balbh Pant Award 2008
  (Police Bureau of Research & Development, New Delhi)
- Research-Fellowship
  (S.V.P. National Police Academy, Hyderabad)

ਪੱਤਰ ਨੰਬਰ: 1016-20
ਮਿਤੀ 23.11.2020

ਵੱਲ

1. ਚੇਅਰਮੈਨ/ਮੈਨੇਜਿੰਗ ਡਾਇਰੈਕਟਰ,ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਪਟਿਆਲਾ। cmd-pspcl@pspcl.in
2. ਮੁੱਖ ਇੰਜੀਨੀਅਰ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਲੁਧਿਆਣਾ।
3. ਡਾਇਰੈਕਟਰ, ਭਾਸ਼ਾ ਵਿਭਾਗ ਪੰਜਾਬ, ਪਟਿਆਲਾ। dir.lang@punjab.gov.in
4. ਪੰਜਾਬ ਸਰਕਾਰ ਰਾਹੀਂ ਪ੍ਰਮੁੱਖ ਸਕੱਤਰ, ਬਿਜਲੀ ਵਿਭਾਗ, ਪੰਜਾਬ ਸਰਕਾਰ, ਚੰਡੀਗੜ੍ਹ। secy.power@punjab.gov.in
5. ਪੰਜਾਬ ਸਰਕਾਰ ਰਾਹੀਂ ਪ੍ਰਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ ਸਰਕਾਰ, ਚੰਡੀਗੜ੍ਹ। pshe@punjab.gov.in

ਵਿਸ਼ਾ: ਦੀਵਾਨੀ ਜ਼ਾਬਤਾ 1908 ਦੀ ਧਾਰਾ 80 ਅਧੀਨ ਕਾਨੂੰਨੀ ਨੋਟਿਸ।

ਸ੍ਰੀ ਮਾਨ ਜੀ,

ਮੈਨੂੰ ਸ.ਹਰਬਖ਼ਸ਼ ਸਿੰਘ ਗਰੇਵਾਲ ਵਾਸੀ ਮਕਾਨ ਨੰ:526/2, ਬੀ-35, ਨੇੜੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਸੁਨੇਤ, ਬੀ.ਆਰ.ਐਸ. ਨਗਰ, ਲੁਧਿਆਣਾ ਅਤੇ ਸੁਖਿੰਦਰਪਾਲ ਸਿੰਘ ਸਿੱਧੂ ਵਾਸੀ ਜਨਤਾ ਨਗਰ ਲੁਧਿਆਣਾ ਵੱਲੋਂ ਆਪ ਸਾਰੇ ਨੋਟਿਸੀਜ਼ ਨੂੰ ਇਹ ਕਾਨੂੰਨੀ ਨੋਟਿਸ ਦੇਣ ਲਈ ਵਕੀਲ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੀ ਹਦਾਇਤ ਦੀ ਪਾਲਣਾ ਕਰਦੇ ਹੋਏ ਮੈਂ ਆਪ ਸਭ ਨੋਟਿਸੀਜ਼ ਨੂੰ ਹੇਠ ਲਿਖੇ ਅਨੁਸਾਰ ਕਾਨੂੰਨੀ ਨੋਟਿਸ ਦੇ ਰਿਹਾ ਹਾਂ:

1. ਪੰਜਾਬ ਸਰਕਾਰ ਵੱਲੋਂ ਪੰਜਾਬੀ ਭਾਸ਼ਾ ਨੂੰ ਰਾਜ ਭਾਸ਼ਾ ਦਾ ਦਰਜਾ ਦੇਣ ਲਈ 'ਪੰਜਾਬ ਰਾਜ ਭਾਸ਼ਾ ਐਕਟ 1967' ਬਣਾਇਆ ਹੋਇਆ ਹੈ। ਇਸ ਐਕਟ ਦੀ ਧਾਰਾ 3 ਰਾਹੀਂ ਪੰਜਾਬੀ ਭਾਸ਼ਾ ਨੂੰ ਰਾਜ ਭਾਸ਼ਾ ਦਾ ਦਰਜਾ ਦਿੱਤਾ ਗਿਆ ਹੈ। ਕਾਨੂੰਨ ਦੀ ਇਹ ਵਿਵਸਥਾ 1967 ਤੋਂ ਹੀ ਅਮਲ ਵਿਚ ਹੈ। ਇਸ ਕਾਨੂੰਨ ਵਿਚ ਸਾਲ 2008 ਵਿਚ ਪ੍ਰਮੁੱਖ ਸੋਧਾਂ ਹੋਈਆਂ। ਸਾਲ 2008 ਦੀ ਤਰਮੀਮ ਦੀ ਧਾਰਾ 3(ਅ) ਰਾਹੀਂ 'ਰਾਜ ਸਰਕਾਰ ਦੇ ਅਤੇ ਸਰਕਾਰੀ ਖੇਤਰ ਦੇ ਸਾਰੇ ਅਦਾਰਿਆਂ ਵਿਚ ਸਾਰਾ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਕੀਤੇ ਜਾਣਾ ਜ਼ਰੂਰੀ' ਕੀਤਾ ਗਿਆ। ਸਾਲ 2008 ਦੀ ਇਸੇ ਸੋਧ ਐਕਟ ਦੀ ਧਾਰਾ 8(ੳ) ਰਾਹੀਂ ਡਾਇਰੈਕਟਰ ਭਾਸ਼ਾ ਵਿਭਾਗ ਨੂੰ ਪੰਜਾਬ ਸਰਕਾਰ ਦੇ ਦਫ਼ਤਰਾਂ ਵਿਚ ਪੰਜਾਬੀ ਵਿਚ ਹੁੰਦੇ ਕੰਮ-ਕਾਜ ਦੀ ਪੜਤਾਲ ਕਰਨ ਦਾ

ਅਧਿਕਾਰ ਦਿੱਤਾ ਗਿਆ। ਨਾਲ ਇਹ ਜ਼ਿੰਮੇਵਾਰੀ ਵੀ ਲਾਈ ਗਈ ਕਿ ਉਹ ਕਸੂਰਵਾਰ ਅਧਿਕਾਰੀਆਂ/ਕਰਮਚਾਰੀਆਂ ਦੇ ਵਿਰੁੱਧ ਉਚਿਤ ਕਾਰਵਾਈ ਦੀ ਸਬੰਧਤ ਸਮਰੱਥ ਅਥਾਰਟੀ ਨੂੰ ਸਿਫ਼ਾਰਸ਼ ਵੀ ਕਰਨ। ਸਾਲ 2008 ਦੇ ਇਸੇ ਸੋਧ ਐਕਟ ਦੀ ਧਾਰਾ 8(ਸ) ਰਾਹੀਂ ਉਨ੍ਹਾਂ ਕਰਮਚਾਰੀਆਂ/ ਅਧਿਕਾਰੀਆਂ ਨੂੰ ਸਜ਼ਾ ਦੇਣ ਦੀ ਵਿਵਸਥਾ ਵੀ ਕੀਤੀ ਗਈ ਜੋ ਕਾਨੂੰਨ ਦੀਆਂ ਇਨ੍ਹਾਂ ਵਿਵਸਥਾਵਾਂ ਦੀ ਉਲੰਘਣਾ ਕਰਨਗੇ ਅਤੇ ਆਪਣਾ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਨਹੀਂ ਕਰਨਗੇ।

2\. ਕਾਨੂੰਨ ਦੀਆਂ ਇਨ੍ਹਾਂ ਵਿਵਸਥਾਵਾਂ ਨੂੰ ਇੰਨ-ਬਿੰਨ ਲਾਗੂ ਕਰਾਉਣ ਲਈ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਤੇ ਨਵੇਂ ਹੁਕਮ ਵੀ ਜਾਰੀ ਕੀਤੇ ਜਾਂਦੇ ਹਨ। ਅਜਿਹਾ ਇੱਕ ਹੁਕਮ ਮਿਤੀ 05.09.2018 ਨੂੰ ਜਾਰੀ ਕੀਤਾ ਗਿਆ ਅਤੇ ਪੰਜਾਬ ਸਰਕਾਰ ਦੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਮੁੜ ਹਦਾਇਤ ਕੀਤੀ ਗਈ ਕਿ 'ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ ਵਿਚ ਸਾਰਾ ਕੰਮ-ਕਾਜ ਪੰਜਾਬੀ ਵਿਚ ਕੀਤਾ ਜਾਵੇ'। ਨਾਲ ਹੀ ਪੰਜਾਬ ਸਰਕਾਰ ਵੱਲੋਂ ਇਹ ਹਦਾਇਤ ਵੀ ਕੀਤੀ ਗਈ ਕਿ ਪੰਜਾਬ ਸਰਕਾਰ ਦੇ ਹਰ ਵਿਭਾਗ ਦੀ ਵੈਬਸਾਈਟ ਤੇ ਉਪਲਬਧ ਸੂਚਨਾ ਪੰਜਾਬੀ ਵਿਚ ਵੀ ਉਪਲਬਧ ਕਰਵਾਈ ਜਾਵੇ।

ਕਾਨੂੰਨ ਦੀਆਂ ਇਹ ਵਿਵਸਥਾਵਾਂ ਪੀ.ਐਸ.ਪੀ.ਸੀ.ਐਲ. ਅਤੇ ਇਸ ਦੇ ਅਧੀਨ ਕੰਮ ਕਰਦੇ ਹਰ ਦਫ਼ਤਰ ਦੇ ਅਧਿਕਾਰੀ ਅਤੇ ਕਰਮਚਾਰੀ ਉੱਪਰ ਲਾਗੂ ਹੁੰਦੀਆਂ ਹਨ।

3\. ਮੇਰੇ ਸਾਇਲ ਸ.ਹਰਬਖ਼ਸ਼ ਸਿੰਘ ਗਰੇਵਾਲ, ਸੁਖਿੰਦਰਪਾਲ ਸਿੰਘ ਸਿੱਧੂ ਅਤੇ ਉਨ੍ਹਾਂ ਦੇ ਕਈ ਮਿੱਤਰਾਂ ਨੇ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦੇ ਵਿਕਾਸ ਲਈ ਬੀੜਾ ਚੁੱਕਿਆ ਹੋਇਆ ਹੈ। ਉਨ੍ਹਾਂ ਵੱਲੋਂ ਬਣਾਈ ਗਈ ਇੱਕ ਸੰਸਥਾ ਜਿਸ ਦਾ ਨਾਂ 'ਪੰਜਾਬੀ ਭਾਸ਼ਾ ਪਸਾਰ ਭਾਈਚਾਰਾ' ਹੈ, ਵੱਲੋਂ ਲਗਾਤਾਰ ਪੰਜਾਬ ਸਰਕਾਰ ਦੇ ਅਤੇ ਇਨ੍ਹਾਂ ਕਾਨੂੰਨੀ ਵਿਵਸਥਾਵਾਂ ਦੀਆਂ ਉਲੰਘਣਾ ਕਰਨ ਵਾਲੇ ਅਧਿਕਾਰੀਆਂ ਨਾਲ ਚਿੱਠੀ-ਪੱਤਰ ਕਰਕੇ, ਕੀਤੀਆਂ ਜਾ ਰਹੀਆਂ ਉਲੰਘਣਾਵਾਂ ਉਨ੍ਹਾਂ ਦੇ ਧਿਆਨ ਵਿਚ ਲਿਆ ਕੇ, ਉਨ੍ਹਾਂ ਨੂੰ ਉਨ੍ਹਾਂ ਦੇ ਦਫ਼ਤਰਾਂ ਵਿਚ ਪੰਜਾਬੀ ਭਾਸ਼ਾ ਦੀ ਵਰਤੋਂ ਯਕੀਨੀ ਬਣਾਉਣ ਦੀਆਂ ਬੇਨਤੀਆਂ ਕੀਤੀਆਂ ਜਾਂਦੀਆਂ ਹਨ।

4\. ਮੇਰੇ ਉਕਤ ਸਾਇਲਾਂ ਦੇ ਧਿਆਨ ਵਿਚ ਆਇਆ ਕਿ ਪੀ.ਐਸ.ਪੀ.ਸੀ.ਐਲ. ਦੇ ਖੁਦ ਦੇ ਅਤੇ ਇਸ ਦੇ ਅਧੀਨ ਕੰਮ ਕਰਦੇ ਦਫ਼ਤਰਾਂ ਵਿਚ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਕਾਨੂੰਨ ਦੀਆਂ ਇਨ੍ਹਾਂ ਵਿਵਸਥਾਵਾਂ ਦੀ ਉਲੰਘਣਾ ਕੀਤੀ ਜਾਂਦੀ ਹੈ ਅਤੇ ਸਰਕਾਰ ਦੇ ਹੁਕਮਾਂ ਦੀ ਇੰਨ-ਬਿੰਨ ਪਾਲਣਾ ਨਹੀਂ ਕੀਤੀ ਜਾਂਦੀ।

ਮੇਰੇ ਸਾਇਲ ਸ.ਹਰਬਖ਼ਸ਼ ਸਿੰਘ ਗਰੇਵਾਲ ਵੱਲੋਂ ਪਹਿਲਾਂ ਚੇਅਰਮੈਨ ਪੀ.ਐਸ.ਪੀ.ਸੀ.ਐਲ. ਪਟਿਆਲਾ ਨੂੰ ਇੱਕ ਪੱਤਰ ਮਿਤੀ 24.12.2019 ਨੂੰ ਲਿਖ ਕੇ ਇਨ੍ਹਾਂ ਵਿਵਸਥਾਵਾਂ ਦੀ ਹੋ ਰਹੀ ਉਲੰਘਣਾ ਉਨ੍ਹਾਂ ਦੇ ਧਿਆਨ ਵਿਚ ਲਿਆਉਂਦੀ ਗਈ। ਉਨ੍ਹਾਂ ਨੂੰ ਸੂਚਿਤ ਕੀਤਾ ਗਿਆ ਕਿ ਪੀ.ਐਸ.ਪੀ.ਸੀ.ਐਲ. ਵੱਲੋਂ ਆਪਣੇ ਦਫ਼ਤਰਾਂ ਵਿਚ ਕੀਤੀ ਜਾਂਦੀ ਭਰਤੀ ਲਈ ਉਮੀਦਵਾਰਾਂ ਦੇ ਲਏ ਜਾਂਦੇ ਇਮਤਿਹਾਨ ਦੇ ਪ੍ਰਸ਼ਨ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਹੁੰਦੇ ਹਨ। ਇਨ੍ਹਾਂ ਇਮਤਿਹਾਨਾਂ ਵਿਚ ਪੰਜਾਬੀ ਭਾਸ਼ਾ ਦੀ ਉੱਕਾ ਵਰਤੋਂ ਨਹੀਂ ਕੀਤੀ ਜਾਂਦੀ। ਇੰਝ ਪੀ.ਐਸ.ਪੀ.ਸੀ.ਐਲ. ਵੱਲੋਂ ਉਕਤ ਪੈਰ੍ਹਾ ਨੰ:1 ਅਤੇ 2 ਵਿਚ ਦਰਜ ਕਾਨੂੰਨ ਦੀਆਂ ਵਿਵਸਥਾਵਾਂ ਅਤੇ ਸਰਕਾਰ ਦੇ ਹੁਕਮਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ। ਇਸ ਪੱਤਰ ਦਾ ਇੱਕ ਉਤਾਰਾ ਮਾਣਯੋਗ ਰਾਜਪਾਲ, ਮੁੱਖ ਮੰਤਰੀ ਪੰਜਾਬ ਸਰਕਾਰ, ਬਿਜਲੀ ਮੰਤਰੀ ਅਤੇ ਮੁੱਖ ਸਕੱਤਰ ਪੰਜਾਬ ਸਰਕਾਰ ਨੂੰ ਸੂਚਨਾ ਅਤੇ ਯੋਗ ਕਾਰਵਾਈ ਲਈ ਭੇਜਿਆ ਗਿਆ।

**MITTER SAIN GOYAL**
B.A. (Hons.) Gold Medalist LL.B., D.A. (Retd.)
Advocate



5. (ੳ) ਮੇਰੇ ਸਾਇਲ ਸ.ਹਰਬਖ਼ਸ਼ ਸਿੰਘ ਗਰੇਵਾਲ ਵੱਲੋਂ ਫੇਰ ਇੱਕ ਹੋਰ ਪੱਤਰ ਮਿਤੀ 28.1.2019 ਨੂੰ ਚੇਅਰਮੈਨ ਪੀ.ਐਸ.ਪੀ.ਸੀ.ਐਲ. ਨੂੰ ਲਿਖ ਕੇ ਉਨ੍ਹਾਂ ਦੇ ਧਿਆਨ ਵਿਚ ਲਿਆਂਦਾ ਗਿਆ ਕਿ ਪੀ.ਐਸ.ਪੀ.ਸੀ.ਐਲ. ਵੱਲੋਂ ਆਪਣੇ ਬਿਜਲੀ ਉਪਭੋਗਤਾਵਾਂ ਨੂੰ ਜਾਰੀ ਕੀਤੇ ਜਾਂਦੇ ਕਰੀਬ 90 ਲੱਖ ਬਿਲ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਜਾਰੀ ਕੀਤੇ ਜਾਂਦੇ ਹਨ। ਇਨ੍ਹਾਂ ਬਿਲਾਂ ਵਿਚ ਪੰਜਾਬੀ ਦੀ ਉੱਕਾ ਵਰਤੋਂ ਨਹੀਂ ਕੀਤੀ ਜਾਂਦੀ।

(ਅ) ਇਸੇ ਪੱਤਰ ਰਾਹੀਂ ਮੇਰੇ ਸਾਇਲ ਵੱਲੋਂ ਚੇਅਰਮੈਨ ਸਾਹਿਬ ਦੇ ਇਹ ਵੀ ਧਿਆਨ ਵਿਚ ਲਿਆਂਦਾ ਗਿਆ ਕਿ ਉਨ੍ਹਾਂ ਦੇ ਦਫ਼ਤਰ ਵਿਚ ਹੁੰਦਾ ਚਿੱਠੀ-ਪੱਤਰ/ਕੰਮ-ਕਾਜ ਕੇਵਲ ਅੰਗਰੇਜ਼ੀ ਵਿਚ ਹੁੰਦਾ ਹੈ। ਇਸ ਦੇ ਸਬੂਤ ਵਜੋਂ ਉਨ੍ਹਾਂ ਵੱਲੋਂ ਕਾਰਪੋਰੇਸ਼ਨ ਦੇ ਡੀ.ਜੀ.ਐਮ./ਆਈ.ਟੀ. ਵੱਲੋਂ ਜਾਰੀ ਕੀਤੇ ਗਏ ਮੀਮੋ ਨੰ:8126 ਮਿਤੀ 07.01.2019 ਦਾ ਹਵਾਲਾ ਦਿੱਤਾ ਗਿਆ। ਇਹ ਪੱਤਰ ਅੰਗਰੇਜ਼ੀ ਵਿਚ ਲਿਖਿਆ ਹੋਇਆ ਸੀ।

(ੲ) ਇਸੇ ਪੱਤਰ ਰਾਹੀਂ ਮੇਰੇ ਸਾਇਲ ਵੱਲੋਂ ਚੇਅਰਮੈਨ ਸਾਹਿਬ ਦੇ ਇਹ ਵੀ ਧਿਆਨ ਵਿਚ ਲਿਆਂਦਾ ਗਿਆ ਕਿ ਪੀ.ਐਸ.ਪੀ.ਸੀ.ਐਲ. ਦੀ ਆਪਣੇ ਅਤੇ ਉਨ੍ਹਾਂ ਦੇ ਅਧੀਨ ਕੰਮ ਕਰਦੇ ਹੋਰ ਦਫ਼ਤਰਾਂ ਦੀਆਂ ਵੈਬਸਾਈਟਾਂ ਵਿਚ ਉਪਲਬਧ ਕਰਾਈ ਗਈ ਸੂਚਨਾ ਕੇਵਲ ਅੰਗਰੇਜ਼ੀ ਵਿਚ ਹੁੰਦੀ ਹੈ।

(ਸ) ਮੇਰੇ ਸਾਇਲ ਵੱਲੋਂ ਚੇਅਰਮੈਨ ਸਾਹਿਬ ਦੇ ਧਿਆਨ ਵਿਚ ਲਿਆਂਦਾ ਗਿਆ ਕਿ ਇੰਝ ਪੀ.ਐਸ.ਪੀ.ਸੀ.ਐਲ. ਪੰਜਾਬ ਸਰਕਾਰ ਦੇ ਉਕਤ ਕਾਨੂੰਨ ਅਤੇ ਉਸ ਦੇ ਉਕਤ ਹੁਕਮਾਂ ਦੀ ਉਲੰਘਣਾ ਕਰ ਰਿਹਾ ਹੈ। ਮੇਰੇ ਸਾਇਲ ਵੱਲੋਂ ਇਹ ਬੇਨਤੀ ਵੀ ਕੀਤੀ ਗਈ ਕਿ ਅੱਗੋਂ ਤੋਂ ਉਨ੍ਹਾਂ ਦੇ ਦਫ਼ਤਰਾਂ ਵਿਚ ਹੁੰਦੇ ਕੰਮ-ਕਾਜ ਵਿਚ ਪੰਜਾਬੀ ਦੀ ਵਰਤੋਂ ਯਕੀਨੀ ਬਣਾਈ ਜਾਵੇ।

(ਹ) ਇਸ ਪੱਤਰ ਦੀਆਂ ਨਕਲਾਂ ਮਾਣਯੋਗ ਮੁੱਖ ਮੰਤਰੀ, ਬਿਜਲੀ ਮੰਤਰੀ, ਮੁੱਖ ਸਕੱਤਰ ਪੰਜਾਬ ਸਰਕਾਰ, ਵਧੀਕ ਮੁੱਖ ਸਕੱਤਰ ਬਿਜਲੀ ਵਿਭਾਗ, ਵਧੀਕ ਮੁੱਖ ਸਕੱਤਰ ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ ਪੰਜਾਬ ਅਤੇ ਡਾਇਰੈਕਟਰ ਭਾਸ਼ਾ ਵਿਭਾਗ ਨੂੰ ਉਚਿਤ ਕਾਰਵਾਈ ਲਈ ਭੇਜੀਆਂ ਗਈਆਂ।

6. ਜਦੋਂ ਪੀ.ਐਸ.ਪੀ.ਸੀ.ਐਲ. ਵੱਲੋਂ ਮੇਰੇ ਸਾਇਲ ਸ.ਹਰਬਖ਼ਸ਼ ਸਿੰਘ ਗਰੇਵਾਲ ਦੀਆਂ ਉਕਤ ਬੇਨਤੀਆਂ ਵੱਲ ਕੋਈ ਧਿਆਨ ਨਾ ਦਿੱਤਾ ਗਿਆ ਤਾਂ ਉਨ੍ਹਾਂ ਵੱਲੋਂ ਇੱਕ ਚਿੱਠੀ, ਮਿਤੀ 14.02.2019 ਨੂੰ, ਮਾਣਯੋਗ ਮੁੱਖ ਮੰਤਰੀ ਪੰਜਾਬ ਸਰਕਾਰ ਨੂੰ ਲਿਖ ਕੇ, ਪੀ.ਐਸ.ਪੀ.ਸੀ.ਐਲ. ਵੱਲੋਂ ਕਾਨੂੰਨ ਦੀਆਂ ਉਕਤ ਵਿਵਸਥਾਵਾਂ ਦੀਆਂ ਕੀਤੀਆਂ ਜਾ ਰਹੀਆਂ ਉਲੰਘਣਾਵਾਂ, ਉਨ੍ਹਾਂ ਦੇ ਧਿਆਨ ਵਿਚ ਲਿਆਂਦੀਆਂ। ਅਤੇ ਬੇਨਤੀ ਕੀਤੀ ਕਿ ਉਹ ਪੀ.ਐਸ.ਪੀ.ਸੀ.ਐਲ. ਨੂੰ ਕਾਨੂੰਨ ਦੀਆਂ ਉਕਤ ਵਿਵਸਥਾਵਾਂ ਨੂੰ ਲਾਗੂ ਕਰਾਉਣ ਨੂੰ ਯਕੀਨੀ ਬਣਾਉਣ। ਸੂਚਨਾ ਅਤੇ ਉਚਿਤ ਕਾਰਵਾਈ ਲਈ ਉਨ੍ਹਾਂ ਨੇ ਇਸ ਪੱਤਰ ਦੀਆਂ ਨਕਲਾਂ ਮੰਤਰੀ ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਅਤੇ ਚੇਅਰਮੈਨ ਪੀ.ਐਸ.ਪੀ.ਸੀ.ਐਲ. ਪਟਿਆਲਾ ਨੂੰ ਵੀ ਭੇਜੀਆਂ।

ਮੇਰੇ ਸਾਇਲ ਸੁਖਿੰਦਰ ਪਾਲ ਸਿੰਘ ਸਿੱਧੂ ਵੱਲੋਂ ਮਿਤੀ 19.02.2019 ਨੂੰ ਇੱਕ ਪੱਤਰ ਮਾਣਯੋਗ ਮੁੱਖ ਮੰਤਰੀ ਪੰਜਾਬ ਨੂੰ ਲਿਖ ਕੇ ਬੇਨਤੀ ਕੀਤੀ ਗਈ ਕਿ ਪੀ.ਐਸ.ਪੀ.ਸੀ.ਐਲ. ਦੇ ਦਫ਼ਤਰਾਂ ਵਿਚ ਹੁੰਦੇ ਕੰਮ-ਕਾਜ ਨੂੰ ਪੰਜਾਬੀ ਵਿਚ ਕਰਨ ਅਤੇ ਇਸ ਮਹਿਕਮੇ ਦੀਆਂ ਵੈਬਸਾਈਟਾਂ ਤੇ ਉਪਲਬਧ ਸੂਚਨਾ ਨੂੰ ਪੰਜਾਬੀ ਵਿਚ ਉਪਲਬਧ ਕਰਾਉਣ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਵੱਲੋਂ ਇਸ ਪੱਤਰ ਦੀ ਨਕਲ ਬਿਜਲੀ ਮੰਤਰੀ, ਮੁੱਖ ਸਕੱਤਰ ਪੰਜਾਬ ਸਰਕਾਰ, ਵਧੀਕ ਮੁੱਖ ਸਕੱਤਰ ਬਿਜਲੀ ਵਿਭਾਗ, ਪ੍ਰਮੁੱਖ ਸਕੱਤਰ ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ ਅਤੇ ਡਾਇਰੈਕਟਰ ਭਾਸ਼ਾਂ ਵਿਭਾਗ ਪੰਜਾਬ ਨੂੰ ਸੂਚਨਾ ਅਤੇ ਯੋਗ ਕਾਰਵਾਈ ਲਈ ਭੇਜੀ ਗਈ।

**MITTER SAIN GOYAL**
B.A. (Hons.) Gold Medalist LL.B., D.A. (Retd.)
Advocate



7. ਪੀ.ਐਸ.ਪੀ.ਸੀ.ਐਲ. ਵੱਲੋਂ, ਮੇਰੇ ਸਾਇਲ ਸ.ਹਰਬਖ਼ਸ਼ ਸਿੰਘ ਗਰੇਵਾਲ ਵੱਲੋਂ ਲਿਖੀਆਂ ਚਿੱਠੀਆਂ ਤੇ ਅਮਲ ਕੀਤਾ ਜਾ ਰਿਹਾ ਹੈ ਜਾਂ ਨਹੀਂ, ਇਹ ਜਾਨਣ ਲਈ ਮੇਰੇ ਸਾਇਲ ਵੱਲੋਂ ਸਮੇਂ-ਸਮੇਂ ਤੇ 'ਸੂਚਨਾ ਅਧਿਕਾਰ ਕਾਨੂੰਨ 2005' ਅਧੀਨ ਸੂਚਨਾ ਪ੍ਰਾਪਤ ਕਰਨ ਲਈ ਦਰਖਾਸਤਾਂ ਦਿੱਤੀਆਂ ਗਈਆਂ। ਇਨ੍ਹਾਂ ਦਰਖਾਸਤਾਂ ਦੇ ਜਵਾਬ ਵਿਚ ਪੀ.ਐਸ.ਪੀ.ਸੀ.ਐਲ. ਵੱਲੋਂ ਉਨ੍ਹਾਂ ਨੂੰ ਹੇਠ ਲਿਖੀ ਸੂਚਨਾ ਉਪਲਬਧ ਕਰਵਾਈ ਗਈ।

(ੳ) ਇੱਕ ਦਰਖਾਸਤ ਦੇ ਜਵਾਬ ਵਿਚ ਪੀ.ਐਸ.ਪੀ.ਸੀ.ਐਲ. ਦੇ ਮੁੱਖ ਇੰਜੀਨੀਅਰ ਕਮੱਰਸ਼ੀਅਲ (ਸੇਲਜ਼-1) ਪਟਿਆਲਾ ਨੇ ਆਪਣੇ ਪੱਤਰ ਮੀਮੋ ਨੰ:255/ਆਰ.ਟੀ.ਆਈ./ਬੀ-9/ਵਾਲ-3 ਮਿਤੀ 11.04.2019 ਰਾਹੀਂ ਮੇਰੇ ਸਾਇਲ ਨੂੰ ਸੂਚਿਤ ਕੀਤਾ ਕਿ '... ਆਊਟਸੋਰਸਡ ਵੈਂਡਰਨ ਪੰਜਾਬੀ ਵਿਚ ਬਿਲ ਜਾਰੀ ਕਰਨ ਲਈ ਲਿਖ ਦਿੱਤਾ ਗਿਆ ਹੈ...'

ਇਸੇ ਤਰ੍ਹਾਂ ਮੇਰੇ ਸਾਇਲ ਦੀ ਇੱਕ ਅਰਜ਼ੀ ਦੇ ਉੱਤਰ ਵਿਚ ਪੀ.ਐਸ.ਪੀ.ਸੀ.ਐਲ. ਦੇ ਮੁੱਖ ਇੰਜੀਨੀਅਰ ਵਣਜ ਪਟਿਆਲਾ ਵੱਲੋਂ ਆਪਣੇ ਪੱਤਰ ਮੀਮੋ ਨੰ:1914/ਡੀ.ਬੀ.101 ਮਿਤੀ 16.10.2019 ਰਾਹੀਂ ਸੂਚਿਤ ਕੀਤਾ ਗਿਆ ਕਿ '... ਪੰਜਾਬ ਸਟੇਟ ਇਲੈਕਟ੍ਰੀਸਿਟੀ ਰੈਗੂਲੇਟਰੀ ਕਮਿਸ਼ਨ ਚੰਡੀਗੜ੍ਹ ਤੋਂ ਜੋ ਪੰਜਾਬੀ ਦੇ ਬਿਲ ਫਾਰਮੈਟ ਮੰਨਜ਼ੂਰ ਹੋ ਕੇ ਆਏ ਹਨ, ਉਹ ਲਾਗੂ ਕਰਨ ਹਿਤ ਸਾਫ਼ਟਵੇਅਰ ਵਿਚ ਸੋਧ ਕੀਤੀ ਜਾ ਰਹੀ ਹੈ...'

(ੲ) ਅਜਿਹੀ ਇੱਕ ਹੋਰ ਦਰਖਾਸਤ ਦੇ ਜਵਾਬ ਵਿਚ ਮੇਰੇ ਸਾਇਲ ਨੂੰ ਪੀ.ਐਸ.ਪੀ.ਸੀ.ਐਲ. ਵੱਲੋਂ ਸੂਚਿਤ ਕੀਤਾ ਗਿਆ ਕਿ ਉਸ ਦਫ਼ਤਰ ਦੀ ਸਬੰਧਤ ਬਰਾਂਚ ਵੱਲੋਂ ਆਊਟਸੋਰਸਡ ਵੈਂਡਰਨ ਨੂੰ ਬਿਜਲੀ ਦੇ ਬਿਲ ਪੰਜਾਬੀ ਵਿਚ ਜਾਰੀ ਕਰਨ ਲਈ ਮਿਤੀ 18.02.2019 ਅਤੇ 20.02.2019 ਨੂੰ ਪੱਤਰ ਲਿਖ ਦਿੱਤੇ ਗਏ ਹਨ।

(ਸ) ਅਜਿਹੀ ਇੱਕ ਹੋਰ ਦਰਖਾਸਤ ਦੇ ਜਵਾਬ ਵਿਚ ਮੇਰੇ ਸਾਇਲ ਸ.ਹਰਬਖ਼ਸ਼ ਸਿੰਘ ਗਰੇਵਾਲ ਨੂੰ, ਉਪ ਮੁੱਖ ਇੰਜ./ਆਈ.ਟੀ.(ਏ ਐਂਡ ਪੀ. ਐਮ) ਪਟਿਆਲਾ ਨੇ ਆਪਣੇ ਪੱਤਰ ਨੰ:9931 ਮਿਤੀ 24.04.2019 ਰਾਹੀਂ ਸੂਚਿਤ ਕੀਤਾ ਕਿ ਉਨ੍ਹਾਂ ਦੇ ਦਫ਼ਤਰ ਵੱਲੋਂ ਹੇਠਲੇ ਅਧਿਕਾਰੀਆਂ ਤੋਂ ਡਾਟਾ ਇਕੱਠਾ ਕੀਤਾ ਜਾ ਰਿਹਾ ਹੈ। ਹੇਠਲੇ ਅਧਿਕਾਰੀਆਂ ਤੋਂ ਸੂਚਨਾ ਉਪਲਬਧ ਹੋਣ ਤੇ ਵਿਭਾਗ ਦੀਆਂ ਵੈਬਸਾਈਟਾਂ ਉੱਪਰ ਸੂਚਨਾ ਪੰਜਾਬੀ ਵਿਚ ਵੀ ਉਪਲਬਧ ਕਰਵਾ ਦਿੱਤੀ ਜਾਵੇਗੀ।

9. ਉਕਤ ਪੈਰ੍ਹਿਆਂ ਵਿਚ ਦਰਜ ਤੱਥਾਂ ਤੋਂ ਸਪੱਸ਼ਟ ਹੈ ਕਿ ਪੀ.ਐਸ.ਪੀ.ਸੀ.ਐਲ. ਦੇ ਉੱਚ ਅਧਿਕਾਰੀ ਜਾਣ-ਬੁੱਝ ਕੇ ਆਪਣੇ ਦਫ਼ਤਰੀ ਕੰਮ-ਕਾਜ ਨੂੰ ਪੰਜਾਬੀ ਵਿਚ ਨਹੀਂ ਕਰ ਰਹੇ। ਇੰਞ ਨਾ ਕਰਕੇ ਉਹ ਪੰਜਾਬ ਰਾਜ ਭਾਸ਼ਾ ਐਕਟ ਦੀਆਂ ਪੈਰ੍ਹਾ ਨੰ:1 ਅਤੇ 2 ਉਕਤ ਵਿਚ ਦਰਜ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਦੇ ਕਾਨੂੰਨਾਂ ਦੀ ਉਲੰਘਣਾ ਕਰ ਰਹੇ ਹਨ ਅਤੇ ਬਣਦੀ ਸਜ਼ਾ ਦੇ ਹੱਕਦਾਰ ਹਨ।

10. ਮੇਰੇ ਸਾਇਲਾਂ ਸ.ਹਰਬਖ਼ਸ਼ ਸਿੰਘ ਗਰੇਵਾਲ ਅਤੇ ਸੁਖਿੰਦਰਪਾਲ ਸਿੰਘ ਸਿੱਧੂ ਵੱਲੋਂ ਕਾਨੂੰਨ ਦੀਆਂ ਹੋ ਰਹੀਆਂ ਉਲੰਘਣਾਵਾਂ ਬਾਰੇ ਕੀਤੀਆਂ ਬੇਨਤੀਆਂ ਤੇ ਚੇਅਰਮੈਨ/ਮੈਨੇਜਿੰਗ ਡਾਇਰੈਕਟਰ ਪੀ.ਐਸ.ਪੀ.ਸੀ.ਐਲ. (ਨੋਟਿਸੀ ਨੰ:1), ਨਾ ਹੀ ਡਾਇਰੈਕਟਰ ਭਾਸ਼ਾ ਵਿਭਾਗ (ਨੋਟਿਸੀ ਨੰ:3) ਵੱਲੋਂ ਕੋਈ ਧਿਆਨ ਨਹੀਂ ਦਿੱਤਾ ਗਿਆ। ਹਾਲੇ ਵੀ ਨੋਟਿਸੀ ਨੰ:1 ਵੱਲੋਂ ਜਾਰੀ ਕੀਤੇ ਜਾਂਦੇ ਸਾਰੇ ਬਿਜਲੀ ਦੇ ਬਿਲ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਹੁੰਦੇ ਹਨ। ਹਾਲੇ ਵੀ ਨੋਟਿਸੀ ਨੰ:1 ਅਤੇ 2 ਦੀਆਂ ਵੈਬਸਾਈਟਾਂ ਉੱਪਰ ਉਪਲਬਧ ਸੂਚਨਾ ਕੇਵਲ ਅੰਗਰੇਜ਼ੀ ਵਿਚ ਹੁੰਦੀ ਹੈ। ਹਾਲੇ ਵੀ ਨੋਟਿਸੀ ਨੰ:1 ਵੱਲੋਂ ਨੌਕਰੀਆਂ ਵਿਚ ਭਰਤੀ ਲਈ ਲਏ ਜਾਂਦੇ

**MITTER SAIN GOYAL**
B.A. (Hons.) Gold Medalist LL.B., D.A. (Retd.)
Advocate



ਇਮਤਿਹਾਨਾਂ ਦੇ ਪ੍ਰਸ਼ਨ ਪੱਤਰ ਕੇਵਲ ਅੰਗਰੇਜ਼ੀ ਵਿਚ ਹੁੰਦੇ ਹਨ। ਹਾਲੇ ਵੀ ਨੋਟਿਸੀ ਨੰ:1 ਅਤੇ 2 ਅਤੇ ਇਨ੍ਹਾਂ ਦੇ ਅਧੀਨ ਕੰਮ ਕਰਦੇ ਦਫ਼ਤਰਾਂ ਵਿਚ ਹੁੰਦੇ ਬਹੁਤੇ ਚਿੱਠੀ-ਪੱਤਰ ਵੀ ਅੰਗਰੇਜ਼ੀ ਵਿਚ ਹੁੰਦੇ ਹਨ।

11. ਮੇਰੇ ਸਾਇਲਾਂ ਵੱਲੋਂ ਵਾਰ-ਵਾਰ ਡਾਇਰੈਕਟਰ ਭਾਸ਼ਾ ਵਿਭਾਗ ਦੇ ਇਹ ਧਿਆਨ ਵਿਚ ਲਿਆਉਣ ਦੇ ਬਾਵਜੂਦ ਕਿ ਪੀ.ਐਸ.ਪੀ.ਸੀ.ਐਲ. ਦੇ ਦਫ਼ਤਰਾਂ ਵਿਚ ਕੰਮ-ਕਾਜ ਪੰਜਾਬੀ ਵਿਚ ਨਹੀਂ ਹੁੰਦਾ ਅਤੇ ਇਸ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਪੰਜਾਬ ਰਾਜ ਭਾਸ਼ਾ ਐਕਟ ਦੀਆਂ ਵਿਵਸਥਾਵਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ, ਕਾਨੂੰਨ ਦੀਆਂ ਵਿਵਸਥਾਵਾਂ ਲਾਗੂ ਕਰਾਉਣ ਲਈ ਕੋਈ ਕਾਰਵਾਈ ਨਹੀਂ ਕੀਤੀ ਗਈ। ਸੂਚਨਾ ਦੇ ਬਾਵਜੂਦ ਨੋਟਿਸੀ ਨੰ:3 ਵੱਲੋਂ ਆਪਣੀ ਜ਼ਿੰਮੇਵਾਰੀ ਨਾ ਨਿਭਾਅ ਕੇ ਆਪਣੇ ਆਪ ਨੂੰ ਵੀ ਇਸ ਕਾਨੂੰਨ ਦੀਆਂ ਧਾਰਾਵਾਂ ਅਧੀਨ ਨਿਸ਼ਚਿਤ ਸਜ਼ਾ ਲਈ ਹੱਕਦਾਰ ਬਣਾ ਲਿਆ ਹੈ।

12. ਤੁਹਾਨੂੰ ਨੋਟਿਸੀ ਨੰ:4 ਨੂੰ, ਨੋਟਿਸੀ ਨੰ:1 ਅਤੇ 2 ਦੇ ਪ੍ਰਸ਼ਾਸਨਿਕ ਉਚ ਅਧਿਕਾਰੀ ਵਜੋਂ ਅਤੇ ਤੁਹਾਨੂੰ ਨੋਟਿਸੀ ਨੰ:5 ਨੂੰ ਨੋਟਿਸੀ ਨੰ:3 ਦੇ ਉੱਚ ਅਧਿਕਾਰੀ ਵਜੋਂ, ਦੀਵਾਨੀ ਜ਼ਾਬਤੇ ਦੀ ਧਾਰਾ 80 ਦੀਆਂ ਹਦਾਇਤਾਂ ਅਨੁਸਾਰ ਇਹ ਨੋਟਿਸ ਦਿੱਤਾ ਜਾ ਰਿਹਾ ਹੈ।

13. **ਇਸ ਕਾਨੂੰਨੀ ਨੋਟਿਸ ਰਾਹੀਂ ਆਪ ਜੀ ਤੋਂ ਹੇਠ ਲਿਖੀ ਰਾਹਤ ਦੀ ਮੰਗ ਕੀਤੀ ਜਾ ਰਹੀ ਹੈ:**

(ੳ) ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵਿਭਾਗ ਅਤੇ ਇਸ ਦੇ ਅਧੀਨ ਕੰਮ ਕਰਦੇ ਦਫ਼ਤਰਾਂ ਵਿਚ ਹੁੰਦੇ ਸਾਰੇ ਦਫ਼ਤਰੀ ਕੰਮ-ਕਾਜ ਨੂੰ ਪੰਜਾਬੀ ਵਿਚ ਕੀਤੇ ਜਾਣ ਨੂੰ ਯਕੀਨੀ ਬਣਾਇਆ ਜਾਵੇ।

(ਅ) ਪੀ.ਐਸ.ਪੀ.ਸੀ.ਐਲ. ਵੱਲੋਂ ਆਪਣੇ ਬਿਜਲੀ ਉਪਭੋਗਤਾਵਾਂ ਨੂੰ ਜਾਰੀ ਕੀਤੇ ਜਾਂਦੇ ਬਿਲ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਵੀ ਜਾਰੀ ਕੀਤੇ ਜਾਣ।

(ੲ) ਪੀ.ਐਸ.ਪੀ.ਸੀ.ਐਲ. ਅਤੇ ਇਸ ਦੇ ਅਧੀਨ ਕੰਮ ਕਰਦੇ ਦਫ਼ਤਰਾਂ ਦੀਆਂ ਵੈਬਸਾਈਟਾਂ ਉੱਪਰ ਉਪਲਬਧ ਸੂਚਨਾ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਵੀ ਉਪਲਬਧ ਕਰਵਾਈ ਜਾਵੇ।

(ਸ) ਪੀ.ਐਸ.ਪੀ.ਸੀ.ਐਲ. ਵੱਲੋਂ ਨੌਕਰੀਆਂ ਦੀ ਭਰਤੀ ਲਈ ਲਏ ਜਾਂਦੇ ਇਮਤਿਹਾਨਾਂ ਦੇ ਪ੍ਰਸ਼ਨ ਪੱਤਰ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਵੀ ਹੋਣ।

(ਹ) ਡਾਇਰੈਕਟਰ ਭਾਸ਼ਾ ਵਿਭਾਗ ਨੂੰ, ਕਾਨੂੰਨ ਦੀਆਂ ਉਕਤ ਵਿਵਸਥਾਵਾਂ ਰਾਹੀਂ ਨਿਸ਼ਚਿਤ ਆਪਣੀਆਂ ਜ਼ਿੰਮੇਵਾਰੀਆਂ ਨਾ ਨਿਭਾਉਣ ਕਾਰਨ ਬਣਦੀ ਸਜ਼ਾ ਦਿੱਤੀ ਜਾਵੇ।

14. ਦੀਵਾਨੀ ਜ਼ਾਬਤੇ ਦੀ ਧਾਰਾ 80 ਦੀਆਂ ਵਿਵਸਥਾਵਾਂ ਦੀ ਪਾਲਣਾ ਕਰਦੇ ਹੋਏ, ਇਸ ਕਾਨੂੰਨੀ ਨੋਟਿਸ ਰਾਹੀਂ, ਆਪ ਸਾਰੇ ਨੋਟਿਸੀਜ਼ ਨੂੰ, ਕਾਨੂੰਨ ਵੱਲੋਂ ਨਿਰਧਾਰਤ 60 ਦਿਨਾਂ ਦੇ ਅੰਦਰ-ਅੰਦਰ, ਮੇਰੇ ਸਾਇਲਾਂ ਨੂੰ ਪੈਰ੍ਹਾ ਨੰ:13 ਵਿਚ ਮੰਗੀ ਰਾਹਤ ਉਪਲਬਧ ਕਰਵਾਏ ਜਾਣ ਦੀ ਬੇਨਤੀ ਹੈ।

15. ਪੈਰ੍ਹਾ ਨੰ:9 ਵਿਚ ਮੰਗੀ ਰਾਹਤ ਨਾ ਮਿਲਣ ਤੇ ਅਤੇ ਕਾਨੂੰਨ ਦੁਆਰਾ ਨਿਸ਼ਚਿਤ ਸਮੇਂ ਦੇ ਲੰਘ ਜਾਣ ਬਾਅਦ ਮੇਰੇ ਸਾਇਲ ਆਪ ਸਾਰੇ ਨੋਟਿਸੀਜ਼ ਵਿਰੁੱਧ ਕਾਨੂੰਨੀ ਕਾਰਵਾਈ ਕਰਨ ਲਈ ਮਜਬੂਰ ਹੋਣਗੇ। ਇਸ ਦੀ ਜ਼ਿੰਮੇਵਾਰੀ ਸਬੰਧਤ ਅਧਿਕਾਰੀਆਂ ਦੀ ਹੋਵੇਗੀ।

ਇਸ ਕਾਨੂੰਨੀ ਨੋਟਿਸ ਦੀ ਕਾਪੀ ਰਿਕਾਰਡ ਵਿਚ ਰੱਖੀ ਜਾਂਦੀ ਹੈ।

ਮਿੱਤਰ ਸੈਨ ਗੋਇਲ
ਐਡਵੋਕੇਟ

**ਨੱਥੀ:** ਸਬੰਧਤ ਦਸਤਾਵੇਜ਼।